## ਦਫ਼ਤਰ ਡਾਇਰੈਕਟਰ ਉਚੇਰੀ ਸਿੱਖਿਆ ਵਿਭਾਗ ਪੰਜਾਬ, ਐਸ.ਏ.ਐਸ. ਨਗਰ

### (ਕਾਲਜ ਐਜੂਕੇਸ਼ਨ ਸ਼ਾਖਾ)

ਸੇਵਾ ਵਿਖੇ

1. ਰਾਜ ਦੇ ਸਮੂਹ ਸਰਕਾਰੀ/ ਏਡਿਡ ਅਤੇ ਪ੍ਰਾਈਵੇਟ ਕਾਲਜਾਂ ਦੇ ਪ੍ਰਿੰਸੀਪਲ ਸਾਹਿਬਾਨ,
2. ਰਜਿਸਟਰਾਰਜ਼, ਪੰਜਾਬ ਰਾਜ ਦੇ ਸਮੂਹ ਸਰਕਾਰੀ/ ਪ੍ਰਾਈਵੇਟ ਯੂਨੀਵਰਸਿਟੀਜ਼।

1. D.A.A
2. DCDC ✓
12/08/25

ਮੀਮੋ ਨੰ ਸਪੈਸ਼ਲ/2025/577
ਮਿਤੀ ਐਸ.ਏ.ਐਸ ਨਗਰ : 06/08/25

ਵਿਸ਼ਾ: ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੀ ਲਗਾਤਾਰਤਾ ਵਿੱਚ ਮਾਹਿਲਪੁਰ (ਤਹਿਸੀਲ ਗੜ੍ਹਸ਼ੰਕਰ), ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਨੈਸ਼ਨਲ ਮੈਰਾਥਨ ਦੇ ਰਾਜ ਪੱਧਰੀ ਸਮਾਗਮ ਸਬੰਧੀ।

Registrar Office
No. 2039 /E-Mail
Dated 12/8/25

ਨੰ. 712/ਡੀ.ਕਾਂ.
ਮਿਤੀ: 13/8/25

ਮਾਣਯੋਗ ਡਿਪਟੀ ਸਪੀਕਰ ਸਾਹਿਬ ਦੀ ਅਗਵਾਈ ਹੇਠ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੀ ਲਗਾਤਾਰਤਾ ਵਿੱਚ ਮਾਹਿਲਪੁਰ (ਤਹਿਸੀਲ ਗੜ੍ਹਸ਼ੰਕਰ), ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਮਿਤੀ 27 ਸਤੰਬਰ, 2025 ਨੂੰ ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਨੈਸ਼ਨਲ ਮੈਰਾਥਨ ਦੇ ਰਾਜ ਪੱਧਰੀ ਸਮਾਗਮ ਕਰਵਾਇਆ ਜਾਣਾ ਹੈ। ਇਸ ਰਾਜ ਪੱਧਰੀ ਸਮਾਗਮ ਦੀਆਂ ਤਿਆਰੀਆਂ ਸਬੰਧਤ ਵਿਭਾਗਾਂ ਦੇ ਸਹਿਯੋਗ ਨਾਲ ਹੀ ਸਫ਼ਲ ਹੋ ਸਕਣਗੀਆਂ। ਇਸ ਮੈਰਾਥਨ ਲਈ ਐਨ.ਜੀ.ਓ. ਸਰਵ ਰਿਤੂ ਸੇਵਾ ਫਾਉਂਡੇਸ਼ਨ ਵੱਲੋਂ ਸਹਿਯੋਗ ਦਿੱਤਾ ਜਾ ਰਿਹਾ ਹੈ।

ਇਹ ਰਾਜ ਪੱਧਰੀ ਸਮਾਗਮ ਪੰਜਾਬ ਦੇ ਨੌਜੁਆਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਨਸ਼ਿਆਂ ਤੋਂ ਦੂਰ ਰਹਿਣ ਦੇ ਨਾਲ-ਨਾਲ ਸਾਡੇ ਦੇਸ਼ ਭਗਤਾਂ ਨੂੰ ਸਮਰਪਿਤ ਹੋਵੇਗਾ ਤਾਂ ਜੋ ਸਾਡੇ ਨੌਜੁਆਨਾਂ ਵਿੱਚ ਦੇਸ਼ ਭਗਤੀ ਦਾ ਜਜ਼ਬਾ ਪੈਦਾ ਹੋ ਸਕੇ।

ਸੋਕਰ ਟਾਊਨ ਆਫ਼ ਇੰਡੀਆ ਕਹੇ ਜਾਣ ਵਾਲੇ ਮਾਹਿਲਪੁਰ, ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ ਵਿਖੇ ਸਵੇਰੇ 5 ਵਜੇ ਤੋਂ 11.30 ਵਜੇ ਤੱਕ ਆਯੋਜਿਤ ਕਰਵਾਈ ਜਾ ਰਹੀ ਇਸ ਰਾਸ਼ਟਰੀ ਪੱਧਰ ਦੀ ਮੈਰਾਥਲ ਲਈ ਦੌੜਨ ਵਾਲਿਆਂ (ਬੱਚੇ, ਡਿਸਏਬਲਡ ਵਿਅਕਤੀ, ਅਜ਼ਾਦੀ ਘੁਲਾਟੀਆਂ ਦੇ ਪਰਿਵਾਰਾਂ ਅਤੇ ਰੱਖਿਆ ਸੇਵਾਵਾਂ) ਤੋਂ ਕੋਈ ਰਜਿਸਟ੍ਰੇਸ਼ਨ ਫੀਸ ਨਹੀਂ ਲਈ ਜਾਵੇਗੀ। ਇਸ ਮੈਰਥਨ ਵਿੱਚ 42 ਕਿਲੋਮੀਟਰ, 21 ਕਿਲੋਮੀਟ, 10 ਕਿਲੋਮੀਟਰ ਅਤੇ 5 ਕਿਲੋਮੀਟਰ ਦੀਆਂ ਵੱਖ ਵੱਖ ਕੈਟਾਗਿਰੀਜ਼ ਵਿੱਚ ਬੱਚੇ, ਨੌਜੁਆਨ, ਬਜ਼ੁਰਗ ਅਤੇ ਡਿਸਏਬਲਡ ਵਿਅਕਤੀ ਵੀ ਭਾਗ ਲੈ ਸਕਣਗੇ ਅਤੇ ਜੇਤੂਆਂ ਦੀ ਹੌਸਲਾ ਅਫ਼ਜ਼ਾਈ ਵਾਸਤੇ ਉਨ੍ਹਾਂ ਨੂੰ ਵੱਖ-ਵੱਖ ਇਨਾਮਾ ਨਾਲ ਸਨਮਾਨਿਤ ਕੀਤਾ ਜਾਵੇਗਾ। ਇਸ ਪ੍ਰੋਗਰਾਮ ਵਿਚ ਇਕ ਵਿਸ਼ੇਸ਼ ਸ਼ਹੀਦ-ਏ-ਆਜ਼ਮ ਭਗਤ ਸਿੰਘ, ਸਪੋਰਟਸ ਆਈਕੋਨ ਅਵਾਰ ਵੀ ਦਿੱਤਾ ਜਾਵੇਗਾ। ਇਸ ਪ੍ਰੋਗਰਾਮ ਵਿਚ ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਦੀ ਸ਼ਮੂਲੀਅਤ ਕਰਵਾਈ ਜਾਵੇਗੀ। ਇਸ ਮੈਰਾਥਨ ਤੋਂ ਬਾਅਦ ਇਕ ਸੱਭਿਆਚਾਰਕ ਪ੍ਰੋਗਰਾਮ ਵੀ ਉਲੀਕਿਆ ਜਾਵੇਗਾ, ਜਿਸ ਵਿਚ ਦੇਸ਼-ਵਿਦੇਸ਼ ਵਿਚ ਨਾਮਣਾ ਖੱਟਣ ਵਾਲੀਆਂ ਪ੍ਰਮੁੱਖ ਹਸਤੀਆਂ ਨੂੰ ਸ਼ਾਮਲ ਕੀਤਾ ਜਾਵੇਗਾ। ਇਸ ਪ੍ਰੋਗਰਾਮ ਦੀ ਪਬਲੀਸਿਟੀ ਵਾਸਤੇ ਵੱਡੇ ਪੱਧਰ ਤੇ ਆਨਲਾਈਨ ਅਤੇ ਆਫ਼ਲਾਈਨ ਪਰਮੋਸ਼ਨਜ਼ ਕੀਤੀਆਂ ਜਾਣਗੀਆਂ ਤਾਂ ਜੋ ਮੈਰਾਥਲ ਵਿੱਚ ਵੱਧ ਤੋਂ ਵੱਧ ਸਮੂਲੀਅਤ ਹੋਵੇ। ਇਸ ਵਾਸਤੇ ਵੈਲਿਊ ਵਾਲੀ ਜਗ੍ਹਾ ਦੇ ਇਰਦ-ਗਿਰਦ ਤਕਰੀਬਨ 35-40 ਹੋਰਡਿੰਗਜ਼ ਅਤੇ ਪੂਰੇ ਪੰਜਾਬ ਵਿੱਚ ਹੋਰਡਿੰਗਜ਼ ਲਗਾਏ ਜਾਣਗੇ।

ਇਸ ਪ੍ਰੋਗਰਾਮ ਲਈ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚ ਮਾਣਯੋਗ ਐਮ.ਐਲ.ਏਜ਼ ਦੇ ਸਹਿਯੋਗ ਨਾਲ ਇੱਕ ਵਿਸ਼ੇਸ਼ ਸਿਗਨੇਚਰ ਕੈਂਪੇਨ ਵੀ ਚਲਾਈ ਜਾਵੇਗੀ। ਉਨ੍ਹਾਂ ਅੱਗੇ ਦੱਸਿਆ ਕਿ ਇਸ ਰਾਜ ਪੱਧਰੀ ਪ੍ਰੋਗਰਾਮ ਦੀ ਸਫ਼ਲਤਾ ਲਈ ਸਾਨੂੰ ਖੇਡਾਂ ਅਤੇ ਯੁਵਕ ਸੇਵਾਵਾਂ ਵਿਭਾਗ, ਸੈਰ ਸਪਾਟਾ ਵਿਭਾਗ, ਸਿਹਤ ਤੇ ਪਰਿਵਾਰ ਭਲਾਈ ਵਿਭਾਗ, ਸਕੂਲ ਸਿੱਖਿਆ ਵਿਭਾਗ, ਉਚੇਰੀ ਸਿੱਖਿਆ ਵਿਭਾਗ ਦੇ ਨਾਲ-ਨਾਲ ਪੰਜਾਬ ਓਲੰਪਿਕ ਐਸੋਸ਼ੀਏਸ਼ਨ ਦੇ ਸਹਿਯੋਗ ਦੀ ਵੀ ਜ਼ਰੂਰਤ ਹੈ।

P.T.O.

ਸ਼ਹੀਦ-ਏ-ਆਜ਼ਮ ਸਰਦਾਰ ਭਗਤ ਸਿੰਘ ਨੈਸ਼ਨਲ ਮੈਰਾਥਨ ਦੇ ਰਾਜ ਪੱਧਰੀ ਸਮਾਗਮ ਦੀ ਰੂਪ ਰੇਖਾ ਉਲੀਕਣ ਸਬੰਧੀ ਵੱਖ-ਵੱਖ ਵਿਭਾਗਾਂ ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ, ਜਿਨ੍ਹਾਂ ਵਿੱਚੋਂ ਸਿੱਖਿਆ ਵਿਭਾਗ ਨੂੰ ਹੇਠ ਅਨੁਸਾਰ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ:-

1. ਵਿਭਾਗ ਵੱਲੋਂ ਇਸ ਮੈਰਾਥਨ ਲਈ ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਦੇ ਵਿਦਿਆਰਥੀਆਂ ਨੂੰ ਸ਼ਾਮਲ ਕਰਵਾਇਆ ਜਾਵੇਗਾ।
2. ਜਿਹੜੇ ਵੀ ਸਕੂਲ ਜਾਂ ਕਾਲਜ ਮੈਰਾਥਨ ਦੇ ਰੂਟ ਵਿੱਚ ਆਉਣੇ, ਉਥੋਂ ਦੇ ਵਿਦਿਆਰਥੀਆਂ ਨੂੰ ਮੈਰਾਥਨ ਦੇ ਪਾਰਟੀਸੀਪੈਂਟਸ ਦੀ ਹੌਸਲਾਅਫ਼ਜਾਈ ਲਈ ਤਿਆਰ ਕੀਤਾ ਜਾਵੇਗਾ। ਇਹ ਹੌਸਲਾਅਫ਼ਜਾਈ ਸਲੋਗਨਜ ਜਾਂ ਤਾੜੀਆਂ ਕੇ ਕੀਤੀ ਜਾ ਸਕਦੀ ਹੈ ਤਾਂ ਜੋ ਪਾਰਟੀਸੀਪੈਂਟਸ ਮੋਟੀਵੇਟ ਹੋ ਸਕਣ।
3. ਵਿਭਾਗ ਵੱਲੋਂ ਯੂਨੀਵਰਸਿਟੀਆਂ ਵਿਖੇ ਮੈਰਾਥਨ ਦੇ ਰਜਿਸਟਰੇਸ਼ਨ ਕੈਂਪ ਲਗਾਏ ਜਾਣਗੇ, ਜਿਸ ਵਾਸਤੇ ਰਜਿਸਟ੍ਰੇਸ਼ਨ ਫਾਰਮ ਦਾ ਫਾਰਮੇਟ ਸਰਵ ਰਿਤੂ ਸੇਵਾ ਫਾਊਂਡੇਸ਼ਨ ਵੱਲੋਂ ਮੁਹੱਈਆ ਕਰਵਾਇਆ ਜਾਵੇਗਾ।

ਉਕਤ ਜਾਰੀ ਕੀਤੀ ਗਈਆਂ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਕਾਰਵਾਈ ਰਿਪੋਰਟ ਇਸ ਦਫਤਰ ਨੂੰ ਭੇਜਣੀ ਯਕੀਨੀ ਬਣਾਈ ਜਾਵੇ।

ਡਿਪਟੀ ਡਾਇਰੈਕਟਰ ਕਾਲਜ ਐਜੂਕੇਸ਼ਨ

ਪਿੱਠ ਅੰਕਣ ਨੰ. 2302 ਮਿਤੀ 19/8/25

ਡੀਨ, ਕਾਲਜ ਵਿਕਾਸ ਕੌਂਸਲ ਵੱਲੋਂ ਦਿੱਤੀ ਪ੍ਰਵਾਨਗੀ ਦੀ ਲੋਅ ਵਿੱਚ ਡਿਪਟੀ ਡਾਇਰੈਕਟਰ ਕਾਲਜ ਐਜੂਕੇਸ਼ਨ, ਦਫ਼ਤਰ ਡਾਇਰੈਕਟਰ, ਉਚੇਰੀ ਸਿੱਖਿਆ ਵਿਭਾਗ ਪੰਜਾਬ, ਐਸ.ਏ.ਐਸ. ਨਗਰ (ਕਾਲਜ ਐਜੂਕੇਸ਼ਨ ਸ਼ਾਖਾ) ਵੱਲੋਂ ਪ੍ਰਾਪਤ ਮੀਮੋ ਨੰ. ਸਪੈਸ਼ਲ/2025/577 ਮਿਤੀ ਐਸ.ਏ.ਐਸ. ਨਗਰ 06/08/2025 ਦਾ ਉਤਾਰਾ ਯੂਨੀਵਰਸਿਟੀ ਨਾਲ ਸਬੰਧਿਤ ਸਮੂਹ ਸਰਕਾਰੀ ਕਾਲਜਾਂ ਦੇ ਪ੍ਰਿੰਸੀਪਲ ਸਾਹਿਬਾਨਾਂ ਜਾਣਕਾਰੀ ਅਤੇ ਅਗਲੇਰੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ ਜੀ।

19/8/25

ਸਹਾਇਕ ਰਜਿਸਟਰਾਰ (ਕਾਲਜਾਂ)